ਪੰਜਾਬ ਸਰਕਾਰ
ਸਿੱਖਿਆ ਵਿਭਾਗ

ਵੱਲ: (ਵੈਬਸਾਈਟ ਰਾਹੀਂ)

ਸਮੂਹ ਸਕੂਲ ਮੁੱਖੀ,
ਪੰਜਾਬ।

ਮੀਮੋ ਨੰ: AD(W)/SSE/2018/401115
ਮਿਤੀ: 27.06.2018

ਵਿਸ਼ਾ :- ਗਰਮੀਆਂ ਦੀਆਂ ਛੁੱਟੀਆਂ ਉਪਰੰਤ ਮਿਤੀ 02 ਜੁਲਾਈ, 2018 ਨੂੰ ਸਕੂਲਾਂ ਵਿੱਚ ਬੱਚਿਆਂ ਦੀ ਹਾਜ਼ਰੀ ਯਕੀਨੀ ਬਣਾਉਣ ਸੰਬੰਧੀ।

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਮਿਤੀ 01 ਜੂਨ, 2018 ਤੋਂ ਗਰਮੀਆਂ ਦੀਆਂ ਛੁੱਟੀਆਂ ਚਲ ਰਹੀਆਂ ਹਨ ਅਤੇ ਛੁੱਟੀਆਂ ਉਪਰੰਤ ਮਿਤੀ 02 ਜੁਲਾਈ, 2018 ਤੋਂ ਸਕੂਲ ਖੁੱਲ੍ਹਣੇ ਹਨ।

3.0 ਅਕਸਰ ਵੇਖਣ ਵਿੱਚ ਆਇਆ ਹੈ ਕਿ ਛੁੱਟੀਆਂ ਉਪਰੰਤ ਸਕੂਲ ਖੁੱਲਣ 'ਤੇ ਵਿਦਿਆਰਥੀਆਂ ਦੀ ਹਾਜ਼ਰੀ ਘੱਟ ਹੁੰਦੀ ਹੈ ਜਿਸ ਕਾਰਨ ਉਨ੍ਹਾਂ ਦੀ ਪੜ੍ਹਾਈ ਦਾ ਨੁਕਸਾਨ ਹੁੰਦਾ ਹੈ।

4.0 ਉਕਤ ਦੇ ਸਨਮੁੱਖ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਛੁੱਟੀਆਂ ਦੇ ਅਖੀਰਲੇ ਹਫਤੇ ਦੌਰਾਨ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਨੂੰ 2 ਜੁਲਾਈ, 2018 ਤੋਂ ਹੀ ਸਕੂਲਾਂ ਵਿੱਚ ਹਾਜ਼ਰ ਹੋਣ ਲਈ ਪ੍ਰੇਰਿਤ ਕਰਨ।

5.0 ਸਕੂਲ ਮੁਖੀ ਆਪਣੇ ਸਟਾਫ ਨੂੰ ਵੀ ਵਿਸ਼ਾ ਅੰਕਿਤ ਕਾਰਜ ਹਿੱਤ ਸਹਿਯੋਗ ਦੇਣ ਦੀ ਹਦਾਇਤ ਕਰ ਸਕਦੇ ਹਨ।

6.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.), ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ.), ਪੰਜਾਬ।
3. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
4. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
5. ਪੀ.ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿੱ.,ਐ.ਸਿੱ.)।
7. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ